# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :17-07-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਜਲੰਧਰ ਤੋਂ 5 ਹਜ਼ਾਰ 470 ਕਰੋੜ ਰੁਪਏ ਤੋਂ ਵੱਧ ਦੇ ਰੇਲ ਅਤੇ ਸੜ੍ਹਕੀ ਬੁਨਿਆਦੀ ਢਾਂਚਾ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਨੀਂਹ ਪੱਥਰ ਰੱਖਿਆ- ਅੰਮ੍ਰਿਤਸਰ ਤੇ ਵਾਰਾਣਸੀ ਨੂੰ ਜੋੜਨ ਵਾਲੀ ਸੰਤ ਰਵਿਦਾਸ ਐਕਸਪ੍ਰੈਸ ਰੇਲਗੱਡੀ ਨੂੰ ਵੀ ਝੰਡੀ ਦਿਖਾਈ।

- ਪ੍ਰਧਾਨ ਮੰਤਰੀ ਨੇ ਹਰਿਆਣਾ ਦੇ ਜੀਂਦ ਵਿੱਚ ਭਾਰਤ ਦੀ ਪਹਿਲੀ ਹਾਈਡ੍ਰੋਜਨ ਸੰਚਾਲਿਤ ਰੇਲਗੱਡੀ ਨੂੰ ਰਵਾਨਾ ਕੀਤਾ।

- ਪ੍ਰਧਾਨ ਮੰਤਰੀ ਨੇ ਅੱਜ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਵਿੱਚ ਸਿਹਤ ਸੰਭਾਲ, ਸਿੱਖਿਆ ਅਤੇ ਸੜਕੀ ਬੁਨਿਆਦੀ ਢਾਂਚੇ ਨਾਲ

ਸਬੰਧਤ ਲਗਭਗ 4 ਹਜ਼ਾਰ 700 ਕਰੋੜ ਦੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਿਆ ਅਤੇ ਰਾਸ਼ਟਰ ਨੂੰ ਸਮਰਪਿਤ ਕੀਤਾ।

- ਪੰਜਾਬ ਭਰ ਵਿਚ ਗਣਨਾ ਫਾਰਮ ਭਰਨ ਅਤੇ ਜਮ੍ਹਾਂ ਕਰਵਾਉਣ ਲਈ 19 ਜੁਲਾਈ ਨੂੰ ਸਾਰੇ ਪੋਲਿੰਗ ਬੂਥਾਂ 'ਤੇ ਇੱਕ ਰੋਜ਼ਾ SIR ਵਿਸ਼ੇਸ਼ ਕੈਂਪ ਲਗਾਇਆ ਜਾਵੇਗਾ।

- ਭਾਰਤ ਨੇ ਅੱਜ FIH ਮਹਿਲਾ ਹਾਕੀ ਵਿਸ਼ਵ ਕੱਪ 2026 ਲਈ ਆਪਣੀ 20 ਮੈਂਬਰੀ ਟੀਮ ਦਾ ਐਲਾਨ ਕੀਤਾ।

***ਹੁਣ ਖਬਰਾਂ ਵਿਸਥਾਰ ਨਾਲ***

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਜਲੰਧਰ ਤੋਂ 5 ਹਜ਼ਾਰ 470 ਕਰੋੜ ਰੁਪਏ ਤੋਂ ਵੱਧ ਦੇ ਵੱਖ-ਵੱਖ ਰੇਲ ਅਤੇ ਸੜਕੀ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖਿਆ ਏ। ਇਨ੍ਹਾਂ ਪ੍ਰੋਜੈਕਟਾਂ ਦਾ ਉਦੇਸ਼ ਸੰਪਰਕ ਨੂੰ ਮਜ਼ਬੂਤ ਕਰਨਾ, ਯਾਤਰੀਆਂ ਦੀ ਸਹੂਲਤ ਵਿੱਚ ਸੁਧਾਰ ਕਰਨਾ ਅਤੇ ਖੇਤਰ ਵਿੱਚ ਆਰਥਿਕ ਵਿਕਾਸ ਨੂੰ ਤੇਜ਼ ਕਰਨਾ ਏ। ਚੰਡੀਗੜ੍ਹ ਤੋਂ ਜਲੰਧਰ ਪਹੁੰਚਣ ਤੋਂ ਤੁਰੰਤ ਬਾਅਦ, ਉਨ੍ਹਾਂ ਨੇ ਜਲੰਧਰ ਕੈਂਟ ਸਟੇਸ਼ਨ ਦਾ ਨਿੱਜੀ ਤੌਰ 'ਤੇ ਉਦਘਾਟਨ ਕੀਤਾ

ਅਤੇ ਇਸ ਮਗਰੋਂ  ਇੱਥੋਂ ਵਰਚੁਅਲ ਮਾਧਿਅਮ ਰਾਂਹੀਂ 20 ਰਾਜਾਂ ਦੇ 74 ਪੁਨਰ ਵਿਕਸਤ ਰੇਲਵੇ ਸਟੇਸ਼ਨਾਂ ਦਾ ਉਦਘਾਟਨ ਕੀਤਾ।  ਇਨਾ ਵਿਚ ਮੋਹਾਲੀ ਰੇਲਵੇ ਸਟੇਸ਼ਨ, ਸ੍ਰੀ ਮੁਕਤਸਰ ਸਾਹਿਬ ਰੇਲਵੇ ਸਟੇਸ਼ਨ ਅਤੇ ਸ੍ਰੀ ਆਨੰਦਪੁਰ ਸਾਹਿਬ ਰੇਲਵੇ ਸਟੇਸ਼ਨ ਵੀ ਸ਼ਾਮਿਲ ਨੇ । ਇਨ੍ਹਾਂ ਸਟੇਸ਼ਨਾਂ ਦਾ ਪੁਨਰ ਵਿਕਾਸ ਦੁਨੀਆ ਦੇ ਸਭ ਤੋਂ ਵੱਡੇ ਸਟੇਸ਼ਨ ਪੁਨਰ ਵਿਕਾਸ ਪ੍ਰੋਗਰਾਮਾਂ ਵਿੱਚੋਂ ਇੱਕ, ਅੰਮ੍ਰਿਤ ਭਾਰਤ ਸਟੇਸ਼ਨ ਯੋਜਨਾ ਦਾ ਹਿੱਸਾ ਏ । ਇਹ ਰੇਲਵੇ ਸਟੇਸ਼ਨ ਸਾਰੀਆਂ ਆਧੁਨਿਕ ਸਹੂਲਤਾਂ ਨਾਲ ਲੈਸ ਨੇ । ਪ੍ਰਧਾਨ ਮੰਤਰੀ, ਜਿਨ੍ਹਾਂ ਦੇ ਨਾਲ ਕੇਂਦਰੀ ਰੇਲਵੇ ਅਤੇ ਸੂਚਨਾ ਅਤੇ ਪ੍ਰਸਾਰਣ ਮੰਤਰੀ, ਅਸ਼ਵਨੀ ਵੈਸ਼ਨਵ ਅਤੇ ਹੋਰ ਪਤਵੰਤੇ ਵੀ ਸਨ, ਨੇ ਜਲੰਧਰ ਕੈਂਟ ਰੇਲਵੇ ਸਟੇਸ਼ਨ ਤੋਂ ਸੰਤ ਰਵਿਦਾਸ ਐਕਸਪ੍ਰੈਸ ਰੇਲਗੱਡੀ ਨੂੰ ਵੀ ਹਰੀ ਝੰਡੀ ਦਿਖਾਈ। ਇਹ ਭਾਰਤ ਦੇ ਦੋ ਸਭ ਤੋਂ ਸਤਿਕਾਰਤ ਅਧਿਆਤਮਿਕ ਅਤੇ ਸੱਭਿਆਚਾਰਕ ਕੇਂਦਰਾਂ, ਅੰਮ੍ਰਿਤਸਰ ਅਤੇ ਵਾਰਾਣਸੀ ਨੂੰ ਜੋੜਨ ਵਾਲੀ ਪਹਿਲੀ ਸਿੱਧੀ ਹਫ਼ਤੇ ਵਿੱਚ ਤਿੰਨ ਵਾਰ ਚੱਲਣ ਵਾਲੀ ਰੇਲਗੱਡੀ ਏ । ਵਾਰਾਣਸੀ ਵਿੱਚ ਸੀਰ ਗੋਵਰਧਨਪੁਰ ਗੁਰੂ ਰਵਿਦਾਸ ਜੀ ਦਾ ਜਨਮ ਅਸਥਾਨ ਏ । ਨੰਗਲ ਡੈਮ-ਤਲਵਾੜਾ-ਮੁਕੇਰੀਆਂ ਨਵੀਂ ਰੇਲ ਲਾਈਨ ਪ੍ਰੋਜੈਕਟ ਦੇ ਹਿੱਸੇ ਵਜੋਂ ਦੌਲਤਪੁਰ ਚੌਕ-ਕਰ-ਟੋਲੀ ਨਵੀਂ ਰੇਲ ਲਾਈਨ ਦਾ ਉਦਘਾਟਨ ਕਰਨ ਅਤੇ ਕਰਟੋਲੀ-ਅੰਬਾਲਾ ਰੇਲ ਸੇਵਾਵਾਂ ਨੂੰ ਹਰੀ ਝੰਡੀ ਦਿਖਾਉਣ ਤੋਂ ਇਲਾਵਾ, ਪ੍ਰਧਾਨ

ਮੰਤਰੀ ਮੋਦੀ ਨੇ ਚਾਰ-ਲੇਨ ਗ੍ਰੀਨ-ਫੀਲਡ ਦਿੱਲੀ-ਅੰਮ੍ਰਿਤਸਰ-ਕਟੜਾ ਐਕਸ-ਪ੍ਰੈਸਵੇਅ ਸਮੇਤ ਰਾਸ਼ਟਰੀ ਰਾਜਮਾਰਗ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਛੇ-ਲੇਨ ਗ੍ਰੀਨਫੀਲਡ ਦੱਖਣੀ ਲੁਧਿਆਣਾ ਬਾਈਪਾਸ ਦੇ ਵਿਕਾਸ ਲਈ ਨੀਂਹ ਪੱਥਰ ਰੱਖਿਆ। ਇਸ ਮੌਕੇ ਇਕ ਇਕੱਠ ਨੂੰ ਸਬੋਧਨ ਕਰਦਿਆਂ ਪ੍ਰਧਾਨ ਮੰਤਰੀ ਨੇ ਕਿਹਾ ਕਿ ਕੇਂਦਰ ਸਰਕਾਰ, ਪੰਜਾਬ ਦੇ ਵਿਕਾਸ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀ ।

BYTE

ਇਸ ਮੌਕੇ ਬੋਲਦਿਆਂ ਕੇਂਦਰੀ ਰੇਲਵੇ ਅਤੇ ਸੂਚਨਾ ਅਤੇ ਪ੍ਰਸਾਰਣ ਮੰਤਰੀ, ਅਸ਼ਵਨੀ ਵੈਸ਼ਨਵ ਨੇ ਸੂਬੇ ਦੇ ਵਿਕਾਸ ਲਈ ਕੇਂਦਰ ਸਰਕਾਰ ਦੀ ਵਚਨਬੱਧਤਾ ਦੋਹਰਾਈ।

BYTE

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਹਰਿਆਣਾ ਦੇ ਜੀਂਦ ਰੇਲਵੇ ਸਟੇਸ਼ਨ 'ਤੇ ਜੀਂਦ ਅਤੇ ਸੋਨੀਪਤ ਵਿਚਕਾਰ ਭਾਰਤ ਦੀ ਪਹਿਲੀ ਹਾਈਡ੍ਰੋਜਨ ਰੇਲਗੱਡੀ ਨੂੰ ਹਰੀ ਝੰਡੀ ਦਿਖਾਈ। ਪਹਿਲੀ ਹਾਈਡ੍ਰੋਜਨ-ਸੰਚਾਲਿਤ ਰੇਲਗੱਡੀ ਦੀ ਸ਼ੁਰੂਆਤ ਰੇਲਵੇ ਖੇਤਰ ਵਿੱਚ ਸਾਫ਼ ਅਤੇ

ਚੁਗਿਰਦੇ ਪਖੀ ਆਵਾਜਾਈ ਨੂੰ ਅਪਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਏ। ਇਸ ਮੌਕੇ 'ਤੇ, ਪ੍ਰਧਾਨ ਮੰਤਰੀ ਨੇ ਹਰਿਆਣਾ ਵਿੱਚ 12 ਹਜ਼ਾਰ 470 ਕਰੋੜ ਰੁਪਏ ਤੋਂ ਵੱਧ ਦੇ ਰਾਸ਼ਟਰੀ ਸ਼ਾਹਰਾਹ ਪ੍ਰੋਜੈਕਟਾਂ ਦਾ ਨੀਂਹ ਪੱਥਰ ਵੀ ਰੱਖਿਆ ਅਤੇ ਰਾਸ਼ਟਰ ਨੂੰ ਸਮਰਪਿਤ ਕੀਤਾ। ਸ਼੍ਰੀ ਮੋਦੀ ਨੇ 157 ਕਿਲੋਮੀਟਰ ਲੰਮੇ ਦਿੱਲੀ-ਅੰਮ੍ਰਿਤਸਰ-ਕਟੜਾ ਐਕਸ-ਪ੍ਰੈਸਵੇਅ ਨੂੰ ਸਮਰਪਿਤ ਕੀਤਾ। ਗ੍ਰੀਨ-ਫੀਲਡ ਕੋਰੀਡੋਰ 667 ਕਿਲੋਮੀਟਰ ਲੰਮੇ ਦਿੱਲੀ-ਅੰਮ੍ਰਿਤਸਰ-ਕਟੜਾ ਐਕਸ-ਪ੍ਰੈਸਵੇਅ ਦਾ ਹਿੱਸਾ ਏ। ਇਹ ਐਕਸਪ੍ਰੈਸਵੇਅ ਦਿੱਲੀ ਅਤੇ ਕਟੜਾ ਵਿਚਕਾਰ ਯਾਤਰਾ ਦੇ ਸਮੇਂ ਨੂੰ ਕਰੀਬ 14 ਘੰਟਿਆਂ ਤੋਂ ਘਟਾ ਕੇ ਲਗਭਗ ਛੇ ਘੰਟੇ ਕਰ ਦੇਵੇਗਾ, ਜਦੋਂ ਕਿ ਦਿੱਲੀ-ਅੰਮ੍ਰਿਤਸਰ ਯਾਤਰਾ ਨੂੰ ਲਗਭਗ ਅੱਠ ਘੰਟਿਆਂ ਤੋਂ ਘਟਾ ਕੇ ਚਾਰ ਘੰਟੇ ਕਰ ਦੇਵੇਗਾ। ਇਕੱਠ ਨੂੰ ਸੰਬੋਧਨ ਕਰਦੇ ਹੋਏ, ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਪਿਛਲੇ 12 ਸਾਲਾਂ ਵਿੱਚ ਭਾਰਤੀ ਰੇਲਵੇ ਵਿੱਚ ਵੱਡਾ ਬਦਲਾਅ ਆਇਆ ਏ। ਉਨ੍ਹਾਂ ਕਿਹਾ ਕਿ ਹਰਿਆਣਾ ਨੇ ਹਾਲ ਹੀ ਦੇ ਸਾਲਾਂ ਵਿੱਚ ਵਿਕਾਸ ਦਾ ਇੱਕ ਨਵਾਂ ਪੜਾਅ ਦੇਖਿਆ ਏ ਅਤੇ ਤਰੱਕੀ ਦੇ ਰਾਹ 'ਤੇ ਅੱਗੇ ਵਧਿਆ ਏ। ਸ਼੍ਰੀ ਮੋਦੀ ਨੇ ਅੱਗੇ ਕਿਹਾ ਕਿ ਦੇਸ਼ ਦੀ ਪਹਿਲੀ ਹਾਈਡ੍ਰੋਜਨ ਰੇਲਗੱਡੀ ਦੀ ਸ਼ੁਰੂਆਤ ਨੇ ਜੀਂਦ ਨੂੰ ਭਾਰਤ ਦੇ ਇਤਿਹਾਸ ਵਿੱਚ ਇੱਕ ਵਿਸ਼ੇਸ਼ ਸਥਾਨ ਦਿੱਤਾ ਏ –

BYTE

ਇਸ ਮੌਕੇ 'ਤੇ ਬੋਲਦਿਆਂ, ਕੇਂਦਰੀ ਰੇਲ ਮੰਤਰੀ ਅਸ਼ਵਨੀ ਵੈਸ਼ਨਵ ਨੇ ਭਾਰਤ ਦੀ ਪਹਿਲੀ ਹਾਈਡ੍ਰੋਜਨ-ਸੰਚਾਲਿਤ ਰੇਲਗੱਡੀ ਦੀ ਸ਼ੁਰੂਆਤ ਨੂੰ ਦੇਸ਼ ਦੀ ਤਕਨੀਕੀ ਤਰੱਕੀ ਵਿੱਚ ਇੱਕ ਇਤਿਹਾਸਕ ਪ੍ਰਾਪਤੀ ਦੱਸਿਆ। ਉਨ੍ਹਾਂ ਕਿਹਾ ਕਿ ਇਹ ਮੀਲ ਪੱਥਰ ਸਵਦੇਸ਼ੀ ਹਾਈਡ੍ਰੋਜਨ ਤਕਨਾਲੋਜੀ ਵਿਕਸਤ ਕਰਨ ਦੇ ਮਜ਼ਬੂਤ ਰਾਸ਼ਟਰੀ ਸੰਕਲਪ ਦਾ ਨਤੀਜਾ ਏ । ਭਾਰਤ ਵਿੱਚ ਡਿਜ਼ਾਈਨ, ਇੰਜੀਨੀਅਰ ਅਤੇ ਤਿਆਰ ਕੀਤੀ ਗਈ, ਇਸ ਰੇਲਗੱਡੀ ਨੂੰ ਸਵਦੇਸ਼ੀ ਤਕਨਾਲੋਜੀ ਦੀ ਵਰਤੋਂ ਕਰਕੇ ਵਿਕਸਿਤ ਕੀਤਾ ਗਿਆ ਏ, ਜੋ ਕਿ ਅਤਿ – ਆਧੁਨਿਕ ਰੇਲਵੇ ਇੰਜੀਨੀਅਰਿੰਗ ਵਿੱਚ ਦੇਸ਼ ਦੀ ਵਧਦੀ ਸਮਰੱਥਾ ਨੂੰ ਦਰਸਾਉਂਦਾ ਏ । ਜੀਂਦ-ਸੋਨੀਪਤ ਸੈਕਸ਼ਨ 'ਤੇ 75 ਕਿਲੋਮੀਟਰ ਪ੍ਰਤੀ ਘੰਟਾ ਦੀ ਸੰਚਾਲਨ ਰਫਤਾਰ ਅਤੇ 110 ਕਿਲੋਮੀਟਰ ਪ੍ਰਤੀ ਘੰਟਾ ਦੀ ਡਿਜ਼ਾਈਨ ਗਤੀ ਦੇ ਨਾਲ, ਰੇਲਗੱਡੀ ਨਾ ਸਿਰਫ ਸੁਰੱਖਿਅਤ ਏ ਸਗੋਂ ਇਸ 89 ਕਿਲੋਮੀਟਰ ਸੈਕਸ਼ਨ 'ਤੇ ਤੇਜ਼ ਵੀ ਏ । ਹਾਈਡ੍ਰੋਜਨ-ਸੰਚਾਲਿਤ ਇਸ ਰੇਲਗੱਡੀ ਦੀ ਸ਼ੁਰੂਆਤ ਦੇ ਨਾਲ, ਭਾਰਤ ਉਨ੍ਹਾਂ ਚੋਣਵੇਂ ਦੇਸ਼ਾਂ ਦੇ ਸਮੂਹ ਵਿੱਚ ਸ਼ਾਮਲ ਹੋ ਗਿਆ ਏ ਜਿਨ੍ਹਾਂ ਕੋਲ ਹਾਈਡ੍ਰੋਜਨ-ਸੰਚਾਲਿਤ ਰੇਲਗੱਡੀਆਂ ਨੇ. ਇਨ੍ਹਾਂ ਵਿੱਚ ਜਰਮਨੀ, ਜਾਪਾਨ, ਚੀਨ ਅਤੇ ਅਮਰੀਕਾ ਸ਼ਾਮਿਲ ਨੇ.

---

ਪ੍ਰਧਾਨ ਮੰਤਰੀ ਇਸ ਤੋਂ ਬਾਅਦ  ਨੇ ਅੱਜ ਕੇਂਦਰ ਸ਼ਾਸਿਤ ਪ੍ਰਦੇਸ਼

ਚੰਡੀਗੜ੍ਹ ਵਿੱਚ ਸਿਹਤ ਸੰਭਾਲ, ਸਿੱਖਿਆ ਅਤੇ ਸੜਕੀ ਬੁਨਿਆਦੀ ਢਾਂਚੇ ਨਾਲ ਸਬੰਧਤ ਲਗਭਗ 4,700 ਕਰੋੜ ਦੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਿਆ ਅਤੇ ਰਾਸ਼ਟਰ ਨੂੰ ਸਮਰਪਿਤ ਕੀਤਾ। ਪੰਜਾਬ ਇੰਜੀਨੀਅਰਿੰਗ ਕਾਲਜ, ਚੰਡੀਗੜ੍ਹ ਵਿਖੇ ਆਯੋਜਿਤ ਇੱਕ ਸਮਾਗਮ ਵਿੱਚ, ਪ੍ਰਧਾਨ ਮੰਤਰੀ ਮੋਦੀ ਨੇ 505 ਕਰੋੜ ਦੀ ਲਾਗਤ ਨਾਲ ਬਣਿਆ ਇੱਕ ਐਡਵਾਂਸਡ ਮਦਰ ਐਂਡ ਚਾਈਲਡ ਕੇਅਰ ਸੈਂਟਰ ਅਤੇ 440 ਕਰੋੜ ਦੀ ਲਾਗਤ ਨਾਲ ਬਣਿਆ ਇੱਕ ਐਡਵਾਂਸਡ ਨਿਊਰੋਸਾਇੰਸ ਸੈਂਟਰ ਰਾਸ਼ਟਰ ਨੂੰ ਸਮਰਪਿਤ ਕੀਤਾ। ਉਨ੍ਹਾਂ ਨੇ PGI -MER, ਚੰਡੀਗੜ੍ਹ ਵਿਖੇ ਪੀਐਮ-ਭੀਮ ਯੋਜਨਾ ਅਧੀਨ 259 ਬਿਸਤਰਿਆਂ ਵਾਲੇ ਕ੍ਰਿਟੀਕਲ ਕੇਅਰ ਬਲਾਕ ਦਾ ਨੀਂਹ ਪੱਥਰ ਵੀ ਰੱਖਿਆ। ਪ੍ਰਧਾਨ ਮੰਤਰੀ ਨੇ ਜ਼ੀਰਕਪੁਰ-ਕੁਰਾਲੀ ਗ੍ਰੀਨ-ਫੀਲਡ ਹਾਈਵੇਅ ਨੂੰ ਵੀ ਰਾਸ਼ਟਰ ਨੂੰ ਸਮਰਪਿਤ ਕੀਤਾ ਅਤੇ ਜ਼ੀਰਕਪੁਰ ਬਾਈਪਾਸ ਅਤੇ ਚੰਡੀਗੜ੍ਹ ਏਅਰਪੋਰਟ ਐਰੋਸਿਟੀ ਗ੍ਰੀਨਫੀਲਡ ਹਾਈਵੇਅ ਦਾ ਨੀਂਹ ਪੱਥਰ ਰੱਖਿਆ। ਉਨ੍ਹਾਂ ਨੇ ਸੈਕਟਰ 46 ਦੇ ਪੰਜਾਬ ਇੰਜੀਨੀਅਰਿੰਗ ਕਾਲਜ ਅਤੇ ਸਰਕਾਰੀ ਕਾਲਜ ਵਿਖੇ ਹੋਸਟਲ ਬਲਾਕਾਂ ਦੇ ਨਾਲ-ਨਾਲ ਪੰਜਾਬ ਯੂਨੀਵਰਸਿਟੀ ਵਿਖੇ ਇੱਕ ਨਵੇਂ ਬਹੁ-ਮੰਤਵੀ ਆਡੀਟੋਰੀਅਮ ਦਾ ਵੀ ਉਦਘਾਟਨ ਕੀਤਾ। ਇੱਕ ਜਨਤਕ ਇਕੱਠ ਨੂੰ ਸੰਬੋਧਨ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ

BYTE

ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਚੰਡੀਗੜ੍ਹ ਇਸ ਖੇਤਰ ਵਿੱਚ ਇੱਕ ਰਣਨੀਤਕ ਸਥਿਤੀ ਰੱਖਦਾ ਏ ਜੋ ਹਰਿਆਣਾ, ਪੰਜਾਬ ਅਤੇ ਹਿਮਾਚਲ ਪ੍ਰਦੇਸ਼ ਨੂੰ ਜੋੜਦਾ ਏ ਅਤੇ ਇਸਦਾ ਵਿਕਾਸ ਕੇਂਦਰ ਸ਼ਾਸਤ ਪ੍ਰਦੇਸ਼ ਤੋਂ ਬਾਹਰ ਦੇ ਲੋਕਾਂ ਨੂੰ ਲਾਭ ਪਹੁੰਚਾਉਂਦਾ ਏ।

---------------------------------------------------------------

ਪੰਜਾਬ ਭਰ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ-SIR ਦਾ ਘਰ-ਘਰ ਗਣਨਾ ਗੇੜ ਮੌਜੂਦਾ ਸਮੇਂ ਚੱਲ ਰਿਹਾ ਏ ਅਤੇ ਇਹ 3 ਅਗਸਤ ਤੱਕ ਜਾਰੀ ਰਹੇਗਾ। ਇਸ ਪ੍ਰਕਿਰਿਆ ਨੂੰ ਹੋਰ ਸੁਚਾਰੂ ਬਣਾਉਣ ਲਈ, ਸੂਬੇ ਭਰ ਦੇ ਸਾਰੇ ਪੋਲਿੰਗ ਬੂਥਾਂ 'ਤੇ 19 ਜੁਲਾਈ ਨੂੰ ਸਵੇਰੇ 8 ਵਜੇ ਤੋਂ ਦੁਪਹਿਰ 2 ਵਜੇ ਤੱਕ ਇੱਕ ਰੋਜ਼ਾ ਵਿਸ਼ੇਸ਼ ਕੈਂਪ ਲਗਾਇਆ ਜਾ ਰਿਹਾ ਏ ਜਿਸ ਨਾਲ ਵੋਟਰਾਂ ਨੂੰ ਆਪਣੇ ਗਣਨਾ ਫਾਰਮ ਭਰਨ ਅਤੇ ਜਮ੍ਹਾਂ ਕਰਵਾਉਣ ਦੀ ਸਹੂਲਤ ਮਿਲੇਗੀ। ਪੰਜਾਬ ਦੇ ਮੁੱਖ ਚੋਣ ਅਫ਼ਸਰ ਅਨਿੰਦਿਤਾ ਮਿਤਰਾ ਨੇ ਸੂਬੇ ਦੇ ਵੋਟਰਾਂ ਨੂੰ ਸਰਗਰਮੀ ਨਾਲ ਹਿੱਸਾ ਲੈਣ ਦੀ ਅਪੀਲ ਕਰਦਿਆਂ ਕਿਹਾ ਕਿ ਜੇਕਰ ਕਿਸੇ ਵਿਅਕਤੀ ਅਜੇ ਤੱਕ ਆਪਣਾ ਗਣਨਾ ਫਾਰਮ ਨਹੀਂ ਭਰਿਆ, ਤਾਂ ਤੁਰੰਤ ਆਪਣੇ ਬੂਥ ਲੈਵਲ ਅਫ਼ਸਰ ਨਾਲ ਸੰਪਰਕ ਕਰਨ ਜਾਂ ਇਸ ਵਿਸ਼ੇਸ਼ ਕੈਂਪ ਦੌਰਾਨ ਆਪਣੇ

ਨਜ਼ਦੀਕੀ ਪੋਲਿੰਗ ਬੂਥ 'ਤੇ ਜਾਣ । ਹਰੇਕ ਯੋਗ ਵੋਟਰ ਦਾ ਨਾਮ 13 ਅਗਸਤ ਨੂੰ ਪ੍ਰਕਾਸ਼ਿਤ ਹੋਣ ਵਾਲੀ ਮੁੱਢਲੀ ਵੋਟਰ ਸੂਚੀ ਵਿੱਚ ਸ਼ਾਮਲ ਹੋਣਾ ਯਕੀਨੀ ਬਣਾਉਣ ਲਈ ਨਾਗਰਿਕਾਂ ਦੀ ਸਰਗਰਮ ਭਾਗੀਦਾਰੀ ਬਹੁਤ ਜ਼ਰੂਰੀ ਏ । ਉਨ੍ਹਾਂ ਕਿਹਾ ਕਿ ਬੂਥ ਲੈਵਲ ਅਫ਼ਸਰ ਵੋਟਰਾਂ ਦੀ ਇਸ ਪ੍ਰਕਿਰਿਆ ਵਿੱਚ ਸਹਾਇਤਾ ਲਈ ਸਾਰੇ ਨਿਰਧਾਰਤ ਪੋਲਿੰਗ ਬੂਥਾਂ 'ਤੇ ਮੌਜੂਦ ਰਹਿਣਗੇ।

---

ਪੰਜਾਬ ਰਾਜ ਬਾਲ ਅਧਿਕਾਰ ਸੁਰੱਖਿਆ ਕਮਿਸ਼ਨ ਅਤੇ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਦੇ ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਵਿੱਚ ਸੁਰੱਖਿਅਤ ਸਕੂਲ ਵਾਹਨ ਨੀਤੀ ਤਹਿਤ ਵਿਸ਼ੇਸ਼ ਜਾਂਚ ਮੁਹਿੰਮ ਚਲਾਈ ਗਈ। ਦੋ ਦਿਨਾਂ ਦੌਰਾਨ 29 ਸਕੂਲ ਬੱਸਾਂ ਦੀ ਜਾਂਚ ਕੀਤੀ ਗਈ, ਜਿਨ੍ਹਾਂ ਵਿੱਚ ਨਿਯਮਾਂ ਦੀ ਉਲੰਘਣਾ ਕਰਨ ਵਾਲੀਆਂ 10 ਬੱਸਾਂ ਦੇ ਚਲਾਨ ਕੱਟੇ ਗਏ। ਜਾਂਚ ਦੌਰਾਨ ਕਈ ਬੱਸਾਂ ਵਿੱਚ ਮਿਆਦ ਪੁੱਗੀ ਫਰਸਟ ਏਡ ਕਿੱਟ, ਮਹਿਲਾ ਅਟੈਂਡੈਂਟ ਦੀ ਗੈਰਹਾਜ਼ਰੀ, ਸਪੀਡ ਗਵਰਨਰ ਅਤੇ ਸੀਸੀਟੀਵੀ ਕੈਮਰੇ ਦੀ ਕਮੀ, ਐਮਰਜੈਂਸੀ ਐਗਜ਼ਿਟ ਅਤੇ ਅੱਗ ਬੁਝਾਊ ਯੰਤਰ ਨਾ ਹੋਣਾ, ਵੈਧ ਬੀਮਾ ਅਤੇ ਪਾਸਿੰਗ ਦੀ ਘਾਟ ਅਤੇ ਸਮਰੱਥਾ ਤੋਂ ਵੱਧ ਬੱਚਿਆਂ ਨੂੰ ਬਿਠਾਉਣ ਵਰਗੀਆਂ ਖਾਮੀਆਂ ਸਾਹਮਣੇ ਆਈਆਂ।

ਅਧਿਕਾਰੀਆਂ ਨੇ ਸਕੂਲ ਪ੍ਰਬੰਧਨਾਂ ਨੂੰ ਸੁਰੱਖਿਆ ਮਾਪਦੰਡਾਂ ਦੀ ਸਖ਼ਤੀ ਨਾਲ ਪਾਲਣਾ ਕਰਨ, ਬੱਸ ਚਾਲਕਾਂ ਦੀ ਨਿਯਮਿਤ ਮੈਡੀਕਲ ਜਾਂਚ ਕਰਵਾਉਣ ਅਤੇ ਬੱਚਿਆਂ ਨੂੰ ਚੜ੍ਹਾਉਣ-ਉਤਾਰਣ ਸਮੇਂ ਵਿਸ਼ੇਸ਼ ਸਾਵਧਾਨੀ ਵਰਤਣ ਦੇ ਨਿਰਦੇਸ਼ ਦਿੱਤੇ।

---------------------------------------------------------------

'ਪੰਜਾਬੀ ਯੂਨੀਵਰਸਿਟੀ ਵਿਖੇ ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ ਅਮਰੀਕਾ ਦੇ ਸਹਿਯੋਗ ਨਾਲ਼ ਇੱਕ ਵਿਸ਼ੇਸ਼ 'ਸਕਾਲਰਸ਼ਿਪ ਚੈੱਕ ਵੰਡ ਸਮਾਰੋਹ' ਕਰਵਾਇਆ ਗਿਆ। ਇਸ ਮੌਕੇ ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ, ਖੇਤਰੀ ਕੇਂਦਰਾਂ ਅਤੇ ਕਾਂਸਟੀਚਿਊਂਟ ਕਾਲਜਾਂ ਦੇ 123 ਵਿਦਿਆਰਥੀਆਂ ਨੂੰ ਫਾਊਂਡੇਸ਼ਨ ਵੱਲੋਂ ਪ੍ਰਾਪਤ 38 ਲੱਖ 22 ਹਜ਼ਾਰ ਰੁਪਏ ਦੇ ਚੈੱਕ ਵੰਡੇ ਗਏ। ਉਪ-ਕੁਲਪਤੀ ਡਾ. ਜਗਦੀਪ ਸਿੰਘ ਦੀ ਪ੍ਰਧਾਨਗੀ ਵਿੱਚ ਹੋਏ ਇਸ ਸਮਾਗਮ ਦੌਰਾਨ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ ਅਮਰੀਕਾ ਦੇ ਕਾਰਜਕਾਰੀ ਡਾਇਰੈਕਟਰ ਅਤੇ ਸਿੱਖ ਐਜੂਕੇਸ਼ਨਲ ਸੋਸਾਇਟੀ ਦੇ ਮੈਂਬਰ ਗੁਰਬੀਰ ਸਿੰਘ ਬਰਾੜ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਡਾ. ਜਗਦੀਪ ਸਿੰਘ ਨੇ ਕਿਹਾ ਕਿ ਉੱਚ ਸਿੱਖਿਆ ਨੂੰ ਹਰ ਵਰਗ ਤੱਕ ਪਹੁੰਚਾਉਣ ਲਈ ਇਹ ਸੰਸਥਾ ਵੱਡਾ ਯੋਗਦਾਨ ਪਾ ਰਹੀ ਏ । ਉਨ੍ਹਾਂ ਯੂਨੀਵਰਸਿਟੀ ਦੇ ਵਿਦਿਆਰਥੀਆਂ ਦੀ

ਮਦਦ ਲਈ ਫਾਊਂਡੇਸ਼ਨ ਅਤੇ ਸਿੱਖ ਐਜੂਕੇਸ਼ਨਲ ਸੋਸਾਇਟੀ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਉਨ੍ਹਾਂ ਵਿਦਿਆਰਥੀਆਂ ਨੂੰਪੜ੍ਹਾਈ ਵਿੱਚ ਨਾਮ ਕਮਾਉਣ ਦੇ ਨਾਲ਼-ਨਾਲ਼ ਸਮਾਜ ਸੇਵਾ ਪ੍ਰਤੀ ਵੀ ਆਪਣੀ ਜ਼ਿੰਮੇਵਾਰੀ ਸਮਝਣ ਦੀ ਅਪੀਲ ਕੀਤੀ।

-------------------------------------------------------------------

"ਹਰ ਸ਼ੁੱਕਰਵਾਰ ਡੇਂਗੂ ਤੇ ਵਾਰ" ਮੁਹਿੰਮ ਤਹਿਤ ਮੋਹਾਲੀ ਜ਼ਿਲ੍ਹਾ ਸਿਹਤ ਵਿਭਾਗ ਦੀਆਂ ਟੀਮਾਂ ਨੇ ਅੱਜ ਵੱਖ ਵੱਖ ਸਰਕਾਰੀ ਦਫ਼ਤਰਾਂ ਵਿਚ ਚੈਕਿੰਗ ਕੀਤੀ। ਸਿਵਲ ਸਰਜਨ ਡਾ. ਸੰਗੀਤਾ ਜੈਨ ਦੀ ਅਗਵਾਈ ਹੇਠ ਟੀਮਾਂ ਨੇ ਦਫ਼ਤਰਾਂ ਵਿਚ ਪਾਣੀ ਇਕੱਤਰ ਹੋਣ ਦੀ ਸੰਭਾਵਨਾ ਵਾਲੀਆਂ ਥਾਵਾਂ 'ਤੇ ਨਿਰੀਖਣ ਕੀਤਾ। ਦਵਾਈ ਦਾ ਛਿੜਕਾਅ ਕੀਤਾ ਗਿਆ। ਟੀਮਾਂ ਨੇ ਗਮਲੇ, ਕੂਲਰ, ਫ਼ਰਿੱਜ ਅਤੇ ਹੋਰ ਕੰਟੇਨਰ ਚੈੱਕ ਕੀਤੇ ਅਤੇ ਮੁਲਾਜ਼ਮਾਂ ਨੂੰ ਅਪੀਲ ਕੀਤੀ ਕਿ ਕਿਤੇ ਵੀ ਪਾਣੀ ਖੜ੍ਹਾ ਨਾ ਹੋਣ ਦਿਤਾ ਜਾਵੇ। ਡਾ. ਜੈਨ ਨੇ ਦਸਿਆ ਕਿ ਇਹ ਮੁਹਿੰਮ ਸਾਰੇ ਜ਼ਿਲ੍ਹੇ ਵਿਚ ਚੱਲ ਰਹੀ ਏ। ਅਧਿਕਾਰੀਆਂ ਸਮੇਤ ਹੋਰ ਸਟਾਫ਼ ਜਿਥੇ ਘਰ੍-ਘਰ ਜਾ ਕੇ ਸਰਵੇਖਣ ਕਰ ਰਹੇ ਹਨ, ਉਥੇ ਚਾਲਾਨ ਕੱਟਣ ਦੀ ਕਾਰਵਾਈ ਵੀ ਕੀਤੀ ਜਾ ਰਹੀ ਏ। ਸਰਕਾਰੀ ਸਿਹਤ ਸੰਸਥਾਵਾਂ ਵਿਚ ਡੇਂਗੂ ਦੀ ਜਾਂਚ ਅਤੇ

ਇਲਾਜ ਮੁਫ਼ਤ ਹੁੰਦਾ ਏ । ਜਾਣਕਾਰੀ ਲਈ ਸਿਹਤ ਵਿਭਾਗ ਦੀ ਹੈਲਪਲਾਈਨ ਨੰਬਰ 104 ’ਤੇ ਸੰਪਰਕ ਕੀਤਾ ਜਾ ਸਕਦਾ ਏ ।

----------------------------------------------------

ਭਾਰਤ ਨੇ ਅੱਜ FIH ਮਹਿਲਾ ਹਾਕੀ ਵਿਸ਼ਵ ਕੱਪ 2026 ਲਈ ਆਪਣੀ 20 ਮੈਂਬਰੀ ਟੀਮ ਦਾ ਐਲਾਨ ਕੀਤਾ। 15 ਤੋਂ 30 ਅਗਸਤ ਤੱਕ ਬੈਲਜੀਅਮ ਅਤੇ ਨੀਦਰਲੈਂਡ ਵਿੱਚ ਹੋਣ ਵਾਲੇ ਇਸ ਵੱਕਾਰੀ ਟੂਰਨਾਮੈਂਟ ਵਿੱਚ ਭਾਰਤੀ ਟੀਮ ਦੀ ਅਗਵਾਈ ਮਿਡ-ਫੀਲਡਰ ਸਲੀਮਾ ਟੇਟੇ ਕਰਨਗੇ । ਗੋਲਕੀਪਰ ਸਵਿਤਾ ਅਤੇ ਬਿੱਚੂ ਦੇਵੀ ਖਰੀਬਮ ਨੇ ਟੀਮ ਵਿੱਚ ਆਪਣੀ ਥਾਂ ਬਰਕਰਾਰ ਰੱਖੀ ਏ । ਭਾਰਤ ਨੂੰ ਪੂਲ ਡੀ ਵਿੱਚ ਚੀਨ, ਇੰਗਲੈਂਡ ਅਤੇ ਦੱਖਣੀ ਅਫਰੀਕਾ ਦੇ ਨਾਲ ਰੱਖਿਆ ਗਿਆ ਏ । ਟੀਮ ਆਪਣੀ ਮੁਹਿੰਮ ਦੀ ਸ਼ੁਰੂਆਤ 16 ਅਗਸਤ ਨੂੰ ਐਮਸਟਲ-ਵੀਨ ਦੇ ਵੈਗੇਨਰ ਹਾਕੀ ਸਟੇਡੀਅਮ ਵਿੱਚ ਚੀਨ ਖਿਲਾਫ ਕਰੇਗੀ, ਇਸ ਤੋਂ ਬਾਅਦ 18 ਅਗਸਤ ਨੂੰ ਦੱਖਣੀ ਅਫਰੀਕਾ ਅਤੇ 20 ਅਗਸਤ ਨੂੰ ਇੰਗਲੈਂਡ ਨਾਲ ਮੁਕਾਬਲਾ ਹੋਵੇਗਾ ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਜਲੰਧਰ ਤੋਂ 5 ਹਜ਼ਾਰ 470 ਕਰੋੜ ਰੁਪਏ ਤੋਂ ਵੱਧ ਦੇ ਰੇਲ ਅਤੇ ਸੜ੍ਹਕੀ ਬੁਨਿਆਦੀ ਢਾਂਚਾ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਨੀਂਹ ਪੱਥਰ ਰੱਖਿਆ-

ਅੰਮ੍ਰਿਤਸਰ ਤੇ ਵਾਰਾਣਸੀ ਨੂੰ ਜੋੜਨ ਵਾਲੀ ਸੰਤ ਰਵਿਦਾਸ ਐਕਸਪ੍ਰੈਸ ਰੇਲਗੱਡੀ ਨੂੰ ਵੀ ਝੰਡੀ ਦਿਖਾਈ।

- ਪ੍ਰਧਾਨ ਮੰਤਰੀ ਨੇ ਹਰਿਆਣਾ ਦੇ ਜੀਂਦ ਵਿੱਚ ਭਾਰਤ ਦੀ ਪਹਿਲੀ ਹਾਈਡ੍ਰੋਜਨ ਸੰਚਾਲਿਤ ਰੇਲਗੱਡੀ ਨੂੰ ਰਵਾਨਾ ਕੀਤਾ।

- ਪ੍ਰਧਾਨ ਮੰਤਰੀ ਨੇ ਅੱਜ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਵਿੱਚ ਸਿਹਤ ਸੰਭਾਲ, ਸਿੱਖਿਆ ਅਤੇ ਸੜਕੀ ਬੁਨਿਆਦੀ ਢਾਂਚੇ ਨਾਲ ਸਬੰਧਤ ਲਗਭਗ 4 ਹਜ਼ਾਰ 700 ਕਰੋੜ ਦੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਿਆ ਅਤੇ ਰਾਸ਼ਟਰ ਨੂੰ ਸਮਰਪਿਤ ਕੀਤਾ।

- ਪੰਜਾਬ ਭਰ ਵਿਚ ਗਣਨਾ ਫਾਰਮ ਭਰਨ ਅਤੇ ਜਮ੍ਹਾਂ ਕਰਵਾਉਣ ਲਈ 19 ਜੁਲਾਈ ਨੂੰ ਸਾਰੇ ਪੋਲਿੰਗ ਬੂਥਾਂ 'ਤੇ ਇੱਕ ਰੋਜ਼ਾ SIR ਵਿਸ਼ੇਸ਼ ਕੈਂਪ ਲਗਾਇਆ ਜਾਵੇਗਾ।

- ਭਾਰਤ ਨੇ ਅੱਜ FIH ਮਹਿਲਾ ਹਾਕੀ ਵਿਸ਼ਵ ਕੱਪ 2026 ਲਈ ਆਪਣੀ 20 ਮੈਂਬਰੀ ਟੀਮ ਦਾ ਐਲਾਨ ਕੀਤਾ।

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**